# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :06-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅਧਿਕਾਰੀਆਂ ਨੂੰ ਜੇਲ੍ਹ ਕੈਦੀਆਂ ਨੂੰ ਮੁਰੰਮਤ ਅਤੇ ਰੱਖ-ਰਖਾਅ ਦਾ ਕੰਮ ਪ੍ਰਦਾਨ ਕਰਨ ਲਈ ਚੰਡੀਗੜ੍ਹ ਪ੍ਰਸ਼ਾਸਨ ਦੇ ਵੱਖ-ਵੱਖ ਅਦਾਰਿਆਂ ਨਾਲ ਤਾਲਮੇਲ ਕਰਨ ਦੀ ਸਲਾਹ ਦਿੱਤੀ।

- ਪੰਜਾਬ ਪੁਲਿਸ ਨੇ ਜੰਮੂ ਸਥਿਤ ਸੰਵੇਦਨਸ਼ੀਲ ਰੱਖਿਆ ਅਦਾਰਿਆਂ ਦੀਆਂ ਵੀਡੀਓਜ਼ ਤੇ ਤਸਵੀਰਾਂ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਸਾਂਝੀਆਂ ਕਰਨ ਲਈ ਪਠਾਨਕੋਟ ਵਿੱਚ ਇਕ 14 ਸਾਲਾ ਨਾਬਾਲਗ ਨੂੰ ਹਿਰਾਸਤ ਵਿੱਚ ਲਿਆ I

- ਪੰਜਾਬ ਦੇ ਜਲ ਸਰੋਤ ਵਿਭਾਗ ਵਲੋਂ ਸਿੱਧਵਾਂ ਨਹਿਰ ਨੂੰ ਨਿਰਮਾਣ ਕਾਰਜਾਂ ਕਰਕੇ 21 ਦਿਨਾਂ ਲਈ ਬੰਦ ਕਰਨ ਦਾ ਫ਼ੈਸਲਾ।

- ਪੰਜਾਬ ਪੁਲਿਸ ਨੇ ਅੱਜ ਦੋ ਵੱਖ-ਵੱਖ ਕਾਰਵਾਈਆਂ ਵਿੱਚ 7 ਵਿਅਕਤੀਆਂ ਨੂੰ ਹਥਿਆਰਾਂ, ਗੋਲਾ ਬਾਰੂਦ ਅਤੇ 20 ਕਿਲੋ ਹੈਰੋਇਨ ਸਮੇਤ ਕੀਤਾ ਗ੍ਰਿਫ਼ਤਾਰ।

- ਪੰਜਾਬ ਭਰ ਵਿਚ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਣਤ ਤੋਂ ਬਚਾਉਣ ਲਈ ਵਿੱਢੀ ਗਈ ਵਿਸ਼ੇਸ਼ ਜਾਗਰੂਕਤਾ ਮੁਹਿੰਮ "ਨੌਜਵਾਨ ਨਸ਼ਿਆਂ ਖਿਲਾਫ" ਅੱਜ ਸਮਾਪਤ ਹੋਈ।

***ਹੁਣ ਖਬਰਾਂ ਵਿਸਥਾਰ ਨਾਲ***

-------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅਧਿਕਾਰੀਆਂ ਨੂੰ ਜੇਲ੍ਹ ਕੈਦੀਆਂ ਨੂੰ ਮੁਰੰਮਤ ਅਤੇ ਰੱਖ-ਰਖਾਅ ਦਾ ਕੰਮ ਪ੍ਰਦਾਨ ਕਰਨ ਲਈ ਚੰਡੀਗੜ੍ਹ ਪ੍ਰਸ਼ਾਸਨ ਦੇ ਵੱਖ-ਵੱਖ ਅਦਾਰਿਆਂ ਨਾਲ ਤਾਲਮੇਲ ਕਰਨ ਦੀ ਸਲਾਹ ਦਿੱਤੀ ਏ।

ਰਾਜਪਾਲ ਨੇ ਕਿਹਾ ਕਿ ਇਸ ਨਾਲ ਉਨ੍ਹਾਂ ਦੀ ਉਤਪਾਦਕ ਸ਼ਮੂਲੀਅਤ ਅਤੇ ਹੁਨਰ ਦੀ ਵਰਤੋਂ ਨੂੰ ਸਮਰੱਥ ਬਣਾਇਆ ਜਾਵੇਗਾ। ਰਾਜਪਾਲ ਅੱਜ ਚੰਡੀਗੜ੍ਹ ਦੀ ਬੁੜੈਲ ਜੇਲ੍ਹ ਦੇ ਦੌਰੇ 'ਤੇ ਸਨ, ਜਿੱਥੇ ਉਨ੍ਹਾਂ ਕੈਦੀਆਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ, ਭਲਾਈ ਉਪਰਾਲਿਆਂ , ਹੁਨਰ ਵਿਕਾਸ ਪਹਿਲਕਦਮੀਆਂ ਅਤੇ ਸਿਹਤ ਸੰਭਾਲ ਸੇਵਾਵਾਂ ਦੀ ਸਮੀਖਿਆ ਕੀਤੀ । ਉਨ੍ਹਾਂ ਨੇ ਚੱਲ ਰਹੇ ਆਈ.ਟੀ.ਆਈ. ਕੋਰਸਾਂ ਦਾ ਵੀ ਜਾਇਜ਼ਾ ਲਿਆ ਜਿਸ ਵਿੱਚ ਕੈਦੀ, 10ਵੀਂ ਪਾਸ ਕਰਨ ਤੋਂ ਬਾਅਦ, ਰਸਮੀ ਕਿੱਤਾਮੁਖੀ ਸਿਖਲਾਈ ਲਈ ਦਾਖਲ ਹੁੰਦੇ ਹਨ। ਉਨ੍ਹਾਂ ਨੇ ਇੰਸਟ੍ਰਕਟਰਾਂ ਅਤੇ ਕੈਦੀ-ਵਿਦਿਆਰਥੀਆਂ ਨਾਲ ਗੱਲਬਾਤ ਕੀਤੀ, ਉਨ੍ਹਾਂ ਦੀ ਅਕਾਦਮਿਕ ਪ੍ਰਗਤੀ ਦੀ ਸਮੀਖਿਆ ਕੀਤੀ, ਅਤੇ ਪਹਿਲਾਂ ਤੋਂ ਤਜਰਬੇ ਵਾਲੇ ਕੈਦੀਆਂ ਨੂੰ ਆਪਣੇ ਹੁਨਰ ਨੂੰ ਹੋਰ ਵਧਾਉਣ ਲਈ ਉਤਸ਼ਾਹਿਤ ਕੀਤਾ। ਇਸ ਮਗਰੋਂ ਉਨ੍ਹਾਂ ਮਹਿਲਾ ਕੈਦੀਆਂ ਦੀ ਗੱਲ ਤਸੱਲੀ ਨਾਲ ਸੁਣੀ ਅਤੇ ਉਨ੍ਹਾਂ ਵਿਚਾਰ ਅਧੀਨ ਕੈਦੀਆਂ ਲਈ ਚਿੰਤਾ ਪ੍ਰਗਟ ਕੀਤੀ ਜਿਨ੍ਹਾਂ ਨੂੰ ਜ਼ਮਾਨਤ ਪ੍ਰਾਪਤ ਕਰਨ ਲਈ ਪਰਿਵਾਰਕ ਜਾਂ ਸਮਾਜਿਕ ਸਹਾਇਤਾ ਦੀ ਘਾਟ ਏ । ਉਨ੍ਹਾਂ ਨੇ ਅਧਿਕਾਰੀਆਂ ਨੂੰ ਸਲਾਹ ਦਿੱਤੀ ਕਿ ਉਹ ਲੰਬੇ ਸਮੇਂ ਤੋਂ ਬੰਦ ਵਿਚਾਰ ਅਧੀਨ ਕੈਦੀਆਂ 'ਤੇ ਧਿਆਨ ਕੇਂਦਰਿਤ ਕਰਨ ਅਤੇ ਸਮੇਂ ਸਿਰ ਕਾਨੂੰਨੀ ਪ੍ਰਕਿਰਿਆਵਾਂ ਦਾ ਸਮਰਥਨ ਕਰਨ ਲਈ ਜਿੱਥੇ ਵੀ ਲੋੜ ਹੋਵੇ ਢੁਕਵੀਂ ਸਹੂਲਤ ਪ੍ਰਦਾਨ ਕਰਨ।

----------------------------------------------------------------

ਪੰਜਾਬ ਪੁਲਿਸ ਨੇ ਸਰਹੱਦੀ ਜ਼ਿਲ੍ਹਾ ਪਠਾਨਕੋਟ ਵਿਚ ਇਕ 14 ਸਾਲਾ ਨਾਬਾਲਗ ਨੂੰ ਹਿਰਾਸਤ ਵਿੱਚ ਲਿਆ ਏ, ਜਿਸਨੇ ਜੰਮੂ ਸਥਿਤ ਸੰਵੇਦਨਸ਼ੀਲ ਰੱਖਿਆ ਅਦਾਰਿਆਂ ਦੀਆਂ ਵੀਡੀਓ ਤੇ ਤਸਵੀਰਾਂ ਆਪਣੇ ਪਾਕਿਸਤਾਨ ਬੈਠੇ ਹੈਂਡਲਰਾਂ ਨੂੰ ਭੇਜਦਾ ਸੀ । ਇਹਨਾਂ ਹੈਂਡਲਰਾਂ ਵਿੱਚ ਫੌਜ ਦੇ ਅਧਿਕਾਰੀ ਤੇ ISI ਏਜੰਟ ਸ਼ਾਮਲ ਨੇ । ਇਹ ਨਾਬਾਲਗ ਪਿਛਲੇ ਇਕ ਸਾਲ ਦੇ ਵੱਧ ਸਮੇਂ ਤੋਂ ਇਕ ਔਨਲਾਈਨ ਚੈਟਰੂਮ ਰਾਹੀਂ ਉਨ੍ਹਾਂ ਦੇ ਸੰਪਰਕ ਵਿੱਚ ਸੀ। ਸਾਡੇ ਪਠਾਨਕੋਟ ਵਾਲੇ ਪੱਤਰਕਾਰ ਨੇ ਜ਼ਿਲਾ ਪੁਲਿਸ ਮੁਖੀ ਦਿਲਜਿੰਦਰ ਸਿੰਘ ਢਿੱਲੋਂ ਦੇ ਹਵਾਲੇ ਤੋਂ ਦੱਸਿਆ ਕਿ ਪੁਲਿਸ ਨੂੰ ਉਸ ਦੀਆਂ ਗਤੀਵਿਧੀਆਂ ਬਾਰੇ ਸੂਹ ਮਿਲ ਰਹੀ ਸੀ ਅਤੇ ਜਦੋਂ ਉਹ ਕੁਝ ਸੰਵੇਦਨਸ਼ੀਲ ਜਾਣਕਾਰੀ ਇਕੱਠੀ ਕਰਨ ਲਈ ਪਠਾਨਕੋਟ ਵਿੱਚ ਸੀ ਤਾਂ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ । ਜ਼ਿਲਾ ਪੁਲਿਸ ਮੁਖੀ ਨੇ ਕਿਹਾ ਕਿ ਪੰਜਾਬ ਪੁਲਿਸ ਕੇਂਦਰੀ ਏਜੰਸੀਆਂ ਨਾਲ ਤਾਲਮੇਲ ਕਰਕੇ ਕੁਝ ਹੋਰ ਨੌਜਵਾਨਾਂ ਦੀ ਸ਼ਮੂਲੀਅਤ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਏ, ਜੋ ਪੰਜਾਬ, ਹਰਿਆਣਾ ਤੇ ਜੰਮੂ-ਕਸ਼ਮੀਰ ਵਿੱਚ ਰਹਿ ਰਹੇ ਨੇ । ਉਨ੍ਹਾਂ ਕਿਹਾ ਕਿ ਨਾਬਾਲਗ ਦੇ ਫੋਨ ਨੂੰ ਉਸ ਦੇ ਹੈਂਡਲਰਾਂ ਵਲੋਂ ਵੀ ਕਲੋਨ ਕੀਤਾ

ਗਿਆ ਸੀ ਤਾਂ ਜੋ ਉਸ ਵਲੋਂ ਹਾਸਿਲ ਕੀਤੀ ਜਾਣਕਾਰੀ ਤੇ ਤਸਵੀਰਾਂ ਉਹ ਵੀ ਸਿਧੇ ਤੌਰ ਤੇ ਦੇਖ ਸਕਣ।

BYTE

ਨੌਜਵਾਨ ਨੂੰ ਉਸ ਦੇ ਹੈਂਡਲਰਾਂ ਵਲੋਂ ਭਾਵਨਾਤਮਕ ਤੌਰ 'ਤੇ ਬਲੈਕਮੇਲ ਤੇ ਕੱਟੜਪੰਥੀ ਬਣਾਇਆ ਗਿਆ ਸੀ ਤਾਂ ਜੋ ਉਹ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਫੌਜ ਤੇ ਹਵਾਈ ਫੌਜ ਦੇ ਟਿਕਾਣਿਆਂ ਦੀਆਂ ਤਸਵੀਰਾਂ ਭੇਜ ਕੇ ਜੰਮੂ ਵਿੱਚ ਆਪਣੇ ਪਿਤਾ ਦੀ ਕਥਿਤ ਹੱਤਿਆ ਦਾ ਬਦਲਾ ਲੈ ਸਕੇ । SSP ਨੇ ਕਿਹਾ ਹਾਲਾਂਕਿ ਉਸ ਦੇ ਪਿਤਾ ਨੂੰ ਮਾਰਿਆ ਨਹੀਂ ਗਿਆ ਸੀ ਬਲਕਿ ਉਨਾਂ ਦੀ ਮੌਤ ਹੋਈ ਸੀ।

---------------------------------------------------------------

ਪੰਜਾਬ ਦੇ ਜਲ ਸਰੋਤ ਵਿਭਾਗ ਨੇ ਸਿੱਧਵਾਂ ਨਹਿਰ ਨੂੰ 21 ਦਿਨਾਂ ਲਈ ਬੰਦ ਕਰਨ ਦਾ ਫ਼ੈਸਲਾ ਕੀਤਾ ਏ । ਸਰਕਾਰੀ ਬੁਲਾਰੇ ਨੇ ਦੱਸਿਆ ਕਿ ਪੁਲਾਂ ਦੀ ਉਸਾਰੀ ਦੇ ਕੰਮ ਕਰਵਾਉਣ ਲਈ ਸਿੱਧਵਾਂ ਨਹਿਰ 7 ਜਨਵਰੀ ਤੋਂ 27 ਜਨਵਰੀ ਤੱਕ ਬੰਦ ਰਹੇਗੀ। ਇਹ ਹੁਕਮ ਪੰਜਾਬ ਕੈਨਾਲ ਅਤੇ ਡਰੇਨੇਜ ਐਕਟ, 2023 ਤਹਿਤ ਜਾਰੀ ਕੀਤੇ ਗਏ ਨੇ । ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ ।

------------------------------------------------------------

ਪੰਜਾਬ ਦੀ ਆਉਣ ਵਾਲੀ 10 ਲੱਖ ਰੁਪਏ ਦੀ ਨਕਦੀ ਰਹਿਤ ਸਿਹਤ ਬੀਮਾ ਪਹਿਲਕਦਮੀ ਦੀ ਪਹੁੰਚ ਨੂੰ ਵਧਾਉਣ ਲਈ ਇੱਕ ਵੱਡੇ ਯਤਨ ਵਜੋਂ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪ੍ਰਮੁੱਖ ਨਿੱਜੀ ਹਸਪਤਾਲਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਚੀਬੱਧ ਹੋਣ ਅਤੇ ਪੰਜਾਬ ਦੇ ਲੋਕਾਂ ਨੂੰ ਵਿਆਪਕ ਸਿਹਤ ਕਵਰੇਜ ਪ੍ਰਦਾਨ ਕਰਨ ਵਿੱਚ ਸੂਬਾ ਸਰਕਾਰ ਨਾਲ ਭਾਈਵਾਲੀ ਕਰਨ ਦਾ ਸੱਦਾ ਦਿੱਤਾ ਏ । ਸਿਹਤ ਮੰਤਰੀ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ ਅਤੇ ਰਾਜ ਸਿਹਤ ਏਜੰਸੀ  ਦੇ ਮੁੱਖ ਕਾਰਜਕਾਰੀ ਅਧਿਕਾਰੀ ਸੰਯਮ ਅਗਰਵਾਲ ਦੇ ਨਾਲ, ਰਾਜ ਸਿਹਤ ਏਜੰਸੀ ਦੇ ਦਫ਼ਤਰ ਵਿਖੇ ਪ੍ਰਮੁੱਖ ਨਿੱਜੀ ਹਸਪਤਾਲਾਂ ਦੇ ਨੁਮਾਇੰਦਿਆਂ ਨਾਲ ਇੱਕ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਇਹ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ ਕਿ ਸੂਬੇ ਦੇ ਹਰ ਪਰਿਵਾਰ ਨੂੰ ਗੁਣਵੱਤਾ ਵਾਲੀ, ਨਕਦੀ ਰਹਿਤ ਸਿਹਤ ਸੰਭਾਲ ਤੱਕ ਪਹੁੰਚ ਹੋਵੇ। ਉਨ੍ਹਾਂ ਕਿਹਾ, "ਮੁੱਖ ਮੰਤਰੀ ਸਿਹਤ ਯੋਜਨਾ ਤਹਿਤ, ਆਮ ਨਾਗਰਿਕਾਂ 'ਤੇ ਡਾਕਟਰੀ ਇਲਾਜ ਦੇ

ਵਿੱਤੀ ਬੋਝ ਨੂੰ ਖਤਮ ਕਰਨ ਲਈ ਪ੍ਰਤੀ ਪਰਿਵਾਰ 10 ਲੱਖ ਰੁਪਏ ਦਾ ਵਿਆਪਕ ਸਿਹਤ ਬੀਮਾ ਕਵਰ ਪ੍ਰਦਾਨ ਕੀਤਾ ਜਾ ਰਿਹਾ ਏ।

-------------------------------------------------------

ਪੰਜਾਬ ਪੁਲਿਸ ਨੇ ਅੱਜ ਦੋ ਵੱਖ-ਵੱਖ ਕਾਰਵਾਈਆਂ ਵਿੱਚ 7 ਵਿਅਕਤੀਆਂ ਨੂੰ ਹਥਿਆਰਾਂ, ਗੋਲਾ ਬਾਰੂਦ ਅਤੇ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਦੇ ਨਸ਼ਿਆਂ ਵਿਰੋਧੀ ਕਾਰਜ ਬਲ-ANTF ਨੇ ਸੀਮਾ ਸੁਰੱਖਿਆ ਬਲ (ਬੀਐਸਐਫ) ਨਾਲ ਸਾਂਝੇ ਆਪ੍ਰੇਸ਼ਨ ਵਿੱਚ ਅੰਮ੍ਰਿਤਸਰ ਦੇ ਇੱਕ ਸਰਹੱਦੀ ਪਿੰਡ ਤੋਂ ਲਗਭਗ 20 ਕਿਲੋਗ੍ਰਾਮ ਹੈਰੋਇਨ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਸਪਲਾਈ ਚੇਨ ਦਾ ਪ੍ਰਬੰਧਨ ਕਰਨ ਵਾਲੇ ਮੁੱਖ ਸੰਚਾਲਕ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਏ। ਪੁਲਿਸ ਸੂਤਰਾਂ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲਗਿਆ ਏ ਕਿ ਕਿ ਮੁਲਜ਼ਮ ਮੁੱਖ ਸੰਚਾਲਕ ਪਾਕਿਸਤਾਨ-ਅਧਾਰਤ ਹੈਂਡਲਰਾਂ ਨਾਲ ਜੁੜਿਆ ਹੋਇਆ ਸੀ ਅਤੇ ਪੂਰੇ ਖੇਤਰ ਵਿੱਚ ਨਸ਼ੀਲੇ ਪਦਾਰਥਾਂ ਦੀ ਖੇਪ ਦੀ ਡਿਲਿਵਰੀ ਅਤੇ ਵੰਡ ਦਾ ਤਾਲਮੇਲ ਕਰ ਰਿਹਾ ਸੀ। ਇੱਕ ਹੋਰ ਕਾਰਵਾਈ ਵਿੱਚ, ਕਾਊਂਟਰ ਇੰਟੈਲੀਜੈਂਸ ਅਤੇ ਬਠਿੰਡਾ ਪੁਲਿਸ ਨੇ ਤਿੰਨ ਵਿਅਕਤੀਆਂ ਨੂੰ 4 ਗੈਰ-ਕਾਨੂੰਨੀ ਪਿਸਤੌਲਾਂ ਅਤੇ 26 ਅਣਚਲੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ

ਕੀਤਾ ਏ। ਪੁਲਿਸ ਸੂਤਰਾਂ ਨੇ ਦੱਸਿਆ ਕਿ ਮੁਲਜ਼ਮਾਂ ਵਿੱਚੋਂ ਇੱਕ ਹਾਲ ਹੀ ਵਿੱਚ ਕੈਨੇਡਾ ਤੋਂ ਬਠਿੰਡਾ ਵਿਸ਼ੇਸ਼ ਤੌਰ 'ਤੇ ਨਿਸ਼ਾਨਾ ਮਿਥ ਕੇ ਕ਼ਤਲ ਕਰਨ ਨੂੰ ਅੰਜਾਮ ਦੇਣ ਲਈ ਆਇਆ ਸੀ।

ਇਸ ਮਾਮਲੇ ਵਿਚ ਅਗਲੇਰੀ ਜਾਂਚ ਜਾਰੀ ਏ।

--------------------------------------------------------

ਜਲੰਧਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਹੀਨੇ ਤੋਂ ਚਲਾਈ ਜਾ ਰਹੀ ਵਿਆਪਕ ਜਾਗਰੂਕਤਾ ਮੁਹਿੰਮ ‘ਨਸ਼ਾ ਮੁਕਤ ਪੰਜਾਬ’ ਅਤੇ ‘ਨਸ਼ਿਆਂ ਵਿਰੁੱਧ ਨੌਜਵਾਨ’ ਅੱਜ ਸਫ਼ਲਤਾਪੂਰਵਕ ਸਮਾਪਤ ਹੋ ਗਈ।

ਜ਼ਿਲ੍ਹਾ ਅਤੇ ਸੈਸ਼ਨ ਜੱਜ ਨਿਰਭਉ ਸਿੰਘ ਗਿੱਲ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਸਮਾਜ ਨੂੰ ਨਸ਼ਿਆਂ ਦੀ ਲਾਹਨਤ ਖਿਲਾਫ ਲਾਮਬੰਦ ਕਰਨਾ ਅਤੇ ਕਾਨੂੰਨੀ ਸਹਾਇਤਾ, ਮੁੜ ਵਸੇਬਾ ਸੇਵਾਵਾਂ ਅਤੇ ਆਮ ਲੋਕਾਂ ਵਿਚਕਾਰ ਇੱਕ ਪੁਲ ਵਜੋਂ ਕੰਮ ਕਰਨਾ ਏ। ਇਹ ਮੁਹਿੰਮ ਜ਼ਿਲ੍ਹੇ ਦੇ ਪੇਂਡੂ ਅਤੇ ਸ਼ਹਿਰੀ, ਦੋਵਾਂ ਖੇਤਰਾਂ ਤੱਕ ਪਹੁੰਚਣ ਲਈ ਉਲੀਕੀ ਗਈ ਸੀ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਮੁਖ ਉਦੇਸ਼ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਨਸ਼ਾਖੋਰੀ ਦੇ ਸਰੀਰਕ, ਸਮਾਜਿਕ ਅਤੇ ਕਾਨੂੰਨੀ ਨਤੀਜਿਆਂ ਬਾਰੇ, ਲੋਕਾਂ  ਨੂੰ ਐਨ.ਡੀ.ਪੀ.ਐਸ. ਐਕਟ ਅਤੇ ਮੁੜ ਵਸੇਬੇ ਦੀ ਮੰਗ ਕਰਨ ਵਾਲਿਆਂ ਦੇ ਕਾਨੂੰਨੀ ਅਧਿਕਾਰਾਂ ਸਬੰਧੀ

ਜਾਗਰੂਕ ਕਰਨ ਦੇ ਨਾਲ-ਨਾਲ ਨਸ਼ੇ ਦੇ ਪ੍ਰਭਾਵ ਹੇਠ ਆਏ ਵਿਅਕਤੀਆਂ ਦੀ ਪਛਾਣ ਕਰਨਾ ਅਤੇ ਮਦਦ ਲਈ ਸਰਪੰਚਾਂ, ਗੈਰ ਸਰਕਾਰੀ ਸੰਸਥਾਵਾਂ ਅਤੇ ਸਥਾਨਕ ਪ੍ਰਭਾਵਸ਼ਾਲੀ ਲੋਕਾਂ ਨੂੰ ਸ਼ਾਮਲ ਕਰਨਾ ਸੀ। ਉਨ੍ਹਾਂ ਦੱਸਿਆ ਕਿ ਮੁਹਿੰਮ ਦੌਰਾਨ ਪੈਨਲ ਵਕੀਲਾਂ ਵੱਲੋਂ ਕਰੀਬ 100 ਸਕੂਲਾਂ ਦਾ ਦੌਰਾ ਕੀਤਾ ਗਿਆ ਅਤੇ 100 ਪਿੰਡਾਂ ਵਿੱਚ ਜਾਗਰੂਕਤਾ ਪੈਦਾ ਕੀਤੀ ਗਈ। ਇਸ ਤੋਂ ਇਲਾਵਾ ਕਮਿਊਨਿਟੀ ਸੈਂਟਰਾਂ, ਕੇਂਦਰੀ ਜੇਲ੍ਹ ਕਪੂਰਥਲਾ ਅਤੇ ਜਲੰਧਰ ਦੇ 24 ਨਸ਼ਾ ਛੁਡਾਊ ਕੇਂਦਰਾਂ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ। ਕਈ ਨਸ਼ਾ ਛੁਡਾਊ ਕੇਂਦਰਾਂ ਦਾ ਨਿਰੀਖਣ ਨਿਆਇਕ ਅਧਿਕਾਰੀਆਂ ਵੱਲੋਂ ਵੀ ਕੀਤਾ ਗਿਆ। ਇਸ ਦੌਰਾਨ ਖੂਨਦਾਨ ਅਤੇ ਮੈਡੀਕਲ ਕੈਂਪ ਵੀ ਲਗਾਏ ਗਏ। ਉਨ੍ਹਾਂ ਦੱਸਿਆ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਰਿਕਾਰਡ ਕੀਤੇ ਗਏ ਆਡੀਓ ਸੰਦੇਸ਼ ਜਲੰਧਰ ਦੇ ਲਗਭਗ 330 ਸਰਕਾਰੀ ਸੀਨੀਅਰ ਸੈਕੰਡਰੀ, ਹਾਈ ਅਤੇ ਸਹਾਇਤਾ ਪ੍ਰਾਪਤ ਸਕੂਲਾਂ ਦੀਆਂ ਸਵੇਰ ਦੀਆਂ ਸਭਾਵਾਂ ਵਿੱਚ ਸੁਣਾਏ ਗਏ। ਓਧਰ ਲੁਧਿਆਣਾ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਨੌਜਵਾਨ ਨਸ਼ਿਆਂ ਖਿਲਾਫ ਮੁਹਿੰਮ ਦਾ ਆਯੋਜਨ ਹੋਇਆ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਪਰਸਨ, ਹਰਪ੍ਰੀਤ ਕੌਰ ਰੰਧਾਵਾ ਨੇ ਦੱਸਿਆ ਕਿ ਇੱਕ ਮਹੀਨੇ ਵਿੱਚ ਨੁੱਕੜ ਨਾਟਕ, ਸੈਮੀਨਾਰ, ਰੈਲੀਆਂ, ਪ੍ਰਚਾਰ ਸਮੱਗਰੀ ਰਾਹੀਂ ਜ਼ਿਲ੍ਹਾ ਲੁਧਿਆਣਾ ਦੇ ਵੱਖ-ਵੱਖ ਪਿੰਡਾਂ ਸਮੇਤ

ਸਬ-ਡਵੀਜ਼ਨਾਂ ਦੇ ਵਸਨੀਕਾਂ, ਸਕੂਲ, ਕਾਲਜ ਦੇ ਵਿਦਿਆਰਥੀਆਂ, ਨਸ਼ਾ ਛੁਡਾਊ ਕੇਂਦਰਾਂ ਵਿੱਚ ਭਰਤੀ ਨੌਜਵਾਨਾਂ, ਜ਼ੇਲ੍ਹ ਬੰਦੀਆਂ ਆਦਿ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ  ਪ੍ਰਮੁੱਖ ਥਾਵਾਂ 'ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੋਸਟਰ ਵੀ ਲਗਾਏ ਗਏ ਜਿਨ੍ਹਾਂ ਵਿੱਚ ਰੇਲਵੇ ਸਟੇਸ਼ਨ, ਬੱਸ ਅੱਡੇ , ਸਰਕਾਰੀ ਇਮਾਰਤਾਂ, ਝੁਗੀ ਝੋਪੜੀ ਸ਼ਾਮਲ ਹਨ। ਫਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਤੇ ਸੈਸ਼ਨ ਜੱਜ ਅਰੁਣ ਗੁਪਤਾ ਨੇ ਇਸੇ ਤਹਿਤ ਹੋਏ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁਹਿੰਮ ਦੌਰਾਨ ਵੱਖ-ਵੱਖ ਪਿੰਡਾਂ, ਕਸਬਿਆਂ ਅਤੇ ਵਿਦਿਅਕ ਅਦਾਰਿਆਂ ਵਿੱਚ ਸੈਮੀਨਾਰ ਅਤੇ ਜਾਗਰੂਕਤਾ ਕੈਂਪ ਲਗਾ ਕੇ ਹਜ਼ਾਰਾਂ ਨੌਜਵਾਨਾਂ ਤੱਕ ਪਹੁੰਚ ਕੀਤੀ ਗਈ।

---------------------------------------------------

ਜੰਮੂ ਕਸ਼ਮੀਰ ਵਿਚ ਸਾਲ 2025 ਦੌਰਾਨ  ਰਿਆਸੀ ਜ਼ਿਲ੍ਹੇ ਵਿੱਚ ਤ੍ਰਿਕੁਟਾ ਪਹਾੜੀਆਂ ਦੇ ਉੱਪਰ ਸਥਿਤ ਸ਼੍ਰੀ ਮਾਤਾ ਵੈਸ਼ਨੋ ਦੇਵੀ ਦੇ ਪਵਿੱਤਰ ਗੁਫਾ ਦੇ 70 ਲੱਖ ਤੋਂ ਵੱਧ ਸ਼ਰਧਾਲੂਆਂ ਨੇ ਦਰਸ਼ਨ ਕੀਤੇ, ਜੋ ਕਿ ਇਸ ਅਸਥਾਨ ਦੀ ਸਥਾਈ ਅਧਿਆਤਮਿਕ ਅਪੀਲ ਅਤੇ ਸਾਲ ਭਰ ਸ਼ਰਧਾਲੂਆਂ ਦੇ ਨਿਰੰਤਰ ਪ੍ਰਵਾਹ ਨੂੰ ਦਰਸਾਉਂਦਾ ਏ ।

ਸਾਡੇ ਪੱਤਰਕਾਰ ਨੇ ਦਸਿਆ ਕਿ ਸ਼ਰਧਾਲੂਆਂ ਦੀ ਭਾਰੀ ਆਮਦ, ਇਸ ਸਮੇਂ ਦੌਰਾਨ ਵੀ ਜਾਰੀ ਏ । ਇਸਦੇ ਮੱਦੇਨਜ਼ਰ ਵਿਆਪਕ ਪ੍ਰਬੰਧ ਕੀਤੇ ਗਏ ਨੇ ਜਿਸ ਵਿੱਚ ਪ੍ਰਭਾਵਸ਼ਾਲੀ ਭੀੜ ਪ੍ਰਬੰਧਨ, ਬਿਹਤਰ ਸਫਾਈ, ਡਾਕਟਰੀ ਸਹੂਲਤਾਂ ਅਤੇ ਮਜ਼ਬੂਤ ਸੁਰੱਖਿਆ ਉਪਾਅ ਸ਼ਾਮਲ ਹਨ।

--------------------------------------------------

ਫ਼ਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਮੈਜਿਸਟਰੇਟ ਡਾ: ਸੋਨਾ ਥਿੰਦ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਟਰੈਕਟਰਾਂ ਅਤੇ ਸਬੰਧਤ ਸੰਦਾਂ ਦੇ ਖ਼ਤਰਨਾਕ ਪ੍ਰਦਰਸ਼ਨ ਤੇ ਸਟੰਟ ਕਰਨ ’ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਨੇ। ਜਾਰੀ ਕੀਤੇ ਗਏ ਹੁਕਮਾਂ ਵਿੱਚ ਕਿਹਾ ਗਿਆ ਏ ਕਿ ਸੂਬੇ ਵਿੱਚ ਬੀਤੇ ਸਮੇਂ ਕੁਝ ਘਟਨਾਵਾਂ ਵਾਪਰੀਆਂ, ਜਿਨ੍ਹਾਂ ਵਿੱਚ ਟਰੈਕਟਰਾਂ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ ਤੇ ਸਟੰਟ ਦੌਰਾਨ ਨੌਜਵਾਨਾਂ ਦੀ ਮੌਤ ਵੀ ਹੋ ਗਈ। ਇਸ ਲਈ ਟਰੈਕਟਰਾਂ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਸਟੰਟ 'ਤੇ ਪਾਬੰਦੀ ਬਹੁਤ ਜ਼ਰੂਰੀ ਏ । ਇਹ ਹੁਕਮ 28 ਫਰਵਰੀ ਤੱਕ ਲਾਗੂ ਰਹਿਣਗੇ। ਜ਼ਿਲ੍ਹਾ ਮੈਜਿਸਟਰੇਟ ਨੇ ਪਿੰਡ ਮੀਰਪੁਰ ਵਿਖੇ ਸਥਿਤ ਗੈਸ ਸਟੇਸ਼ਨ ਨੂੰ ਫੋਟੋਗ੍ਰਾਫੀ ਲਈ ਮਨਾਹੀ ਵਾਲਾ ਖੇਤਰ ਏਰੀਆ ਐਲਾਨਿਆ ਏ ।

--------------------------------------------------

- ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅਧਿਕਾਰੀਆਂ ਨੂੰ ਜੇਲ੍ਹ ਕੈਦੀਆਂ ਨੂੰ ਮੁਰੰਮਤ ਅਤੇ ਰੱਖ-ਰਖਾਅ ਦਾ ਕੰਮ ਪ੍ਰਦਾਨ ਕਰਨ ਲਈ ਚੰਡੀਗੜ੍ਹ ਪ੍ਰਸ਼ਾਸਨ ਦੇ ਵੱਖ-ਵੱਖ ਅਦਾਰਿਆਂ ਨਾਲ ਤਾਲਮੇਲ ਕਰਨ ਦੀ ਸਲਾਹ ਦਿੱਤੀ।

- ਪੰਜਾਬ ਪੁਲਿਸ ਨੇ ਜੰਮੂ ਸਥਿਤ ਸੰਵੇਦਨਸ਼ੀਲ ਰੱਖਿਆ ਅਦਾਰਿਆਂ ਦੀਆਂ ਵੀਡੀਓਜ਼ ਤੇ ਤਸਵੀਰਾਂ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਸਾਂਝੀਆਂ ਕਰਨ ਲਈ ਪਠਾਨਕੋਟ ਵਿੱਚ ਇਕ 14 ਸਾਲਾ ਨਾਬਾਲਗ ਨੂੰ ਹਿਰਾਸਤ ਵਿੱਚ ਲਿਆ I

- ਪੰਜਾਬ ਦੇ ਜਲ ਸਰੋਤ ਵਿਭਾਗ ਵਲੋਂ ਸਿੱਧਵਾਂ ਨਹਿਰ ਨੂੰ ਨਿਰਮਾਣ ਕਾਰਜਾਂ ਕਰਕੇ 21 ਦਿਨਾਂ ਲਈ ਬੰਦ ਕਰਨ ਦਾ ਫ਼ੈਸਲਾ।

- ਪੰਜਾਬ ਪੁਲਿਸ ਨੇ ਅੱਜ ਦੋ ਵੱਖ-ਵੱਖ ਕਾਰਵਾਈਆਂ ਵਿੱਚ 7 ਵਿਅਕਤੀਆਂ ਨੂੰ ਹਥਿਆਰਾਂ, ਗੋਲਾ ਬਾਰੂਦ ਅਤੇ 20 ਕਿਲੋ ਹੈਰੋਇਨ ਸਮੇਤ ਕੀਤਾ ਗ੍ਰਿਫ਼ਤਾਰ।

- ਪੰਜਾਬ ਭਰ ਵਿਚ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਣਤ ਤੋਂ ਬਚਾਉਣ ਲਈ ਵਿੱਢੀ ਗਈ ਵਿਸ਼ੇਸ਼ ਜਾਗਰੂਕਤਾ ਮੁਹਿੰਮ "ਨੌਜਵਾਨ ਨਸ਼ਿਆਂ ਖਿਲਾਫ" ਅੱਜ ਸਮਾਪਤ ਹੋਈ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**